# ਜਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਮੱਗਰਾ ਸਿੱਖਿਆ ਅਭਿਆਨ, ਬਠਿੰਡਾ

ਵੱਲ

ਪ੍ਰਿੰਸੀਪਲ,
ਸੇਂਟ ਜੇਵੀਅਰਜ਼ ਈ. ਸਕੂਲ, ਗੁਰਥੜੀ
ਜਿਲ੍ਹਾ ਬਠਿੰਡਾ।

ਪੱਤਰ ਨੰ:ਸਸਅ/ਬਠਿੰਡਾ/ਆਰ.ਟੀ.ਈ./710 **ਮਿਤੀ ਬਠਿੰਡਾ 21.02.2023**

ਵਿਸ਼ਾ:- ਬੱਚਿਆ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ (4) ਅਧੀਨ, ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਅਤੇ ਬ੍ਰਾਅਦ ਵਿਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਅਧੀਨ ਸੇਂਟ ਜੇਵੀਅਰਜ਼ ਈ. ਸਕੂਲ, ਗੁਰਥੜੀ, ਜਿਲ੍ਹਾ ਬਠਿੰਡਾ ਨੂੰ **ਪਹਿਲੀ ਤੋਂ ਅੱਠਵੀਂ ਜਮਾਤ ਤੱਕ ਤਿੰਨ ਸਾਲ ਲਈ ਪ੍ਰੋਵੀਜਨਲ ਮਾਨਤਾ** ਜਾਰੀ ਕੀਤੀ ਜਾਂਦੀ ਹੈ। ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1) ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ/ਸਬੰਧਕਰਨ ਲਈ ਲਾਜਮੀ ਹੈ।
2) ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010(ਸਾਰਣੀ-II) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3) ਸਕੂਲ ਪਹਿਲੀ ਜਮਾਤ ਵਿਚ (ਜਾਂ ਪੂਰਵ ਸਕੂਲ ਜਮਾਤ ਵਿਚ, ਜੋ ਵੀ ਲਾਗੂ ਹੋਵੇ), ਜਮਾਤ ਦੀ ਕੁੱਲ ਸੰਖਿਆ ਦਾ 25 ਪ੍ਰਤੀਸ਼ਤ, ਕਮਜੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4) ਸਕੂਲ ਨੂੰ ਪੈਰ੍ਹਾ 3 ਵਿਚ ਦਿੱਤੇ ਬੱਚਿਆ ਲਈ ਐਕਟ ਦੀ ਧਾਰਾ 12 ਦੀ ਉਪ-ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5) ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀ ਅਪਣਾਏਗਾ।
6) ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋ ਇਨਕਾਰ ਨਹੀ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ।

(7) ਸਕੂਲ ਇਹ ਵੀ ਯਕੀਨੀ ਬਣਾਏਗਾ ਕਿ:-

a) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿਚ ਵਾਪਸ ਨਹੀ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀ ਜਾਵੇਗਾ ਜਦੋ ਤੱਕ ਕਿ ਉਸ ਦੀ ਸਕੂਲ ਵਿਚ ਮੁੱਢਲੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
b) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀ ਦਿੱਤੀ ਜਾਵੇਗੀ।
c) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀ ਹੋਵੇਗੀ;
d) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ ਨੂੰ ਨਿਯਮ 25 ਦੇ ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ;
e) ਐਕਟ ਦੇ ਉਪਬੰਧਾ ਅਨੁਸਾਰ ਵਿਸ਼ੇਸ਼ ਜਰੂਰਤਾਂ/ਅਪੰਗ ਵਿਦਿਆਰਥੀਆਂ ਦੀ ਸਮੂਲੀਅਤ;
f) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ। ਪ੍ਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੇ ਲਾਗੂ ਹੋਣ ਸਮੇ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀ ਕਰਦੇ, ਪੰਜ ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾਵਾ ਪ੍ਰਾਪਤ ਕਰਨਗੇ। ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਸਟੇਟਮੈਂਟ ਨਾਲ ਨੱਥੀ ਕੀਤੀ ਜਾਵੇ।
g) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਦੇ ਹੋਣ;
h) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿਚ ਮਸ਼ਰੂਫ ਨਹੀ ਰੱਖਣਗੇ;

(8) ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉਚਿਤ ਅਥਰਾਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ [illegible] ਕਰਨਗੇ।

Principal
ST. XAVIER'S E-SCHOOL
Sangat Road, Gurthari

(ੲ) ਖੇਡ ਦੇ ਮੈਦਾਨ ਦਾ ਖੇਤਰ:

(ਸ) ਕਲਾਸ ਦੇ ਕਮਰਿਆ ਦੀ ਗਿਣਤੀ:

(ਹ) ਮੁੱਖ ਅਧਿਆਪਕ ਲਈ ਦਫਤਰ-ਕਮ-ਸਟੋਰ ਦਾ ਕਮਰਾ:-

(ਕ) ਮੁੰਡੇ ਅਤੇ ਕੁੜੀਆਂ ਲਈ ਵੱਖਰੀਆਂ ਟੁਆਇਲਟਸ -

(ਖ) ਪੀਣ ਦੇ ਪਾਣੀ ਦੀ ਸਹੂਲਤ:-

(ਗ) ਦੁਪਹਿਰ ਦਾ ਖਾਣਾ ਪਕਾਉਣ ਲਈ ਰਸੋਈ:-

(ਘ) ਬਿਨ੍ਹਾ ਰੁਕਾਵਟ ਪਹੁੰਚ।

(ਙ) ਪੜਾਉਣ, ਸਿੱਖਣ ਦਾ ਸਮਾਨ/ਖੇਡਾਂ ਦਾ ਸਮਾਨ/ਲਾਇਬਰੇਰੀ:

(10) ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀ ਚਲਾਈ ਜਾਵੇਗੀ।

(11) ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

(12) ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ, 1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

(13) ਸਕੂਲ ਕਿਸੇ ਨਿਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

(14) ਲੇਖਾ ਕਿਸੇ ਪ੍ਰਮਾਨਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਧਿਕਾਰੀ ਨੂੰ ਭੇਜੀ ਜਾਵੇਗੀ।

(15) ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ: 710 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

(16) ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ-ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜ਼ੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂਪੂਰੀਆਂ ਕਰਨ ਜਾਂ ਸਕੂਲ ਦੇ ਕੰਮ ਕਾਜ਼ ਵਿਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

(17) ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।

(18) ਫਾਇਰ ਸੇਫਟੀ ਸਬੰਧੀ ਸਰਟੀਫਿਕੇਟ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟ। ਮਿਆਦ ਖਤਮ ਹੋਣ ਉਪਰੰਤ ਦੁਬਾਰਾ ਫਿਰ ਸਰਟੀਫਿਕੇਟ ਲੈ ਕੇ ਇਸ ਦਫਤਰ ਨੂੰ ਪੁੱਜਦਾ ਕੀਤਾ ਜਾਵੇ , ਅਜਿਹਾ ਨਾ ਹੋਣ ਦੀ ਸੂਰਤ ਵਿੱਚ ਮਾਨਤਾ ਰੱਦ ਕਰਨ ਦੀ ਪ੍ਰੀਕ੍ਰਿਆ ਆਰੰਭੀ ਜਾਵੇਗੀ।

(19) ਮਾਧਿਅਮ ਅਤੇ ਬੋਲੀ ਦਾ ਸਰਟੀਫਿਕੇਟ।

(20) ਅਧਿਆਪਕਾਂ ਨੂੰ ਦਿੱਤੀ ਜਾਣ ਵਾਲੀ ਤਨਖਾਹ ਦੇ ਏ-ਰੋਲ ਦੀ ਕਾਪੀ ਅਤੇ ਜਮੀਨ ਦੇ ਹਿਬਾਨਾਮਾ ਦੀ ਨਕਲ (ਇੰਤਕਾਲ)।

(21) ਸਕੂਲ ਬਿਲਡਿੰਗ ਦਾ ਨਕਸ਼ਾ।

(22) ਬੱਚਿਆਂ ਤੋਂ ਪ੍ਰਾਪਤ ਕੀਤੇ ਜਾਂਦੇ ਫੰਡਾਂ ਸਬੰਧੀ ਲਿਸਟ ਅਤੇ ਸਟਾਫ ਦੀ ਸਰਕਾਰੀ ਦਰਾਂ ਤੇ ਤਨਖਾਹ।

(23) ਪ੍ਰਬੰਧਕੀ ਕਮੇਟੀ ਦੀ ਸੂਚੀ।

(24) ਜੇਕਰ ਭਵਿੱਖ ਵਿੱਚ ਆਰ.ਟੀ.ਈ. ਐਕਟ ਅਤੇ ਨਿਯਮਾਂ ਦੀ ਉਲੰਘਣਾ ਕੀਤੀ ਗਈ ਤਾਂ ਆਰ.ਟੀ.ਈ. ਐਕਟ ਅਤੇ ਨਿਯਮਾਂ ਅਨੁਸਾਰ ਯੋਗ ਕਾਰਵਾਈ ਕੀਤੀ ਜਾਵੇਗੀ।

Principal
ST. XAVIER'S E-SCHOOL
Sangat Road, Gurtha...

21/3/23

ਜਿਲ੍ਹਾ ਪ੍ਰੋਜੈਕਟ ਡਾਇਰੈਕਟਰ,
ਸਮੱਗਰਾ ਸਿੱਖਿਆ ਅਭਿਆਨ,